ਰਾਮਕਲੀ ਮਹਲਾ ੩ ॥ ਨਾਮੁ ਖਜਾਨਾ ਗੁਰ ਤੇ ਪਾਇਆ ਤ੍ਰਿਪਤਿ ਰਹੇ ਆਘਾਈ ॥ ੧॥ ਸੰਤਹੁ ਗੁਰਮੁਖਿ ਮੁਕਤਿ ਗਤਿ ਪਾਈ ॥ ਏਕੁ ਨਾਮੁ ਵਸਿਆ ਘਟ ਅੰਤਰਿ ਪੂਰੇ ਕੀ ਵਡਿਆਈ ॥ ੧॥ ਰਹਾਉ ॥ ਆਪੇ ਕਰਤਾ ਆਪੇ ਭੁਗਤਾ ਦੇਦਾ ਰਿਜਕੁ ਸਬਾਈ ॥ ੨॥ ਜੋ ਕਿਛੁ ਕਰਣਾ ਸੋ ਕਰਿ ਰਹਿਆ ਅਵਰੁ ਨ ਕਰਣਾ ਜਾਈ ॥੩॥ ਆਪੇ ਸਾਜੇ ਸ੍ਰਿਸਟਿ ਉਪਾਏ ਸਿਰਿ ਸਿਰਿ ਧੰਧੈ ਲਾਈ ॥੪॥ ਤਿਸਹਿ ਸਰੇਵਹੁ ਤਾ ਸੁਖੁ ਪਾਵਹੁ ਸਤਿਗੁਰਿ ਮੇਲਿ ਮਿਲਾਈ ॥ ੫॥ ਆਪਣਾ ਆਪੁ ਆਪਿ ਉਪਾਏ ਅਲਖੁ ਨ ਲਖਣਾ ਜਾਈ ॥੬॥ ਆਪੇ ਮਾਰਿ ਜੀਵਾਲੇ ਆਪੇ ਤਿਸ ਨੋ ਤਿਲੁ ਨ ਤਮਾਈ ॥ ੭॥ {ਪੰਨਾ 911-912}

ਪਦਅਰਥ:- ਗੁਰ ਤੇ—ਗੁਰੂ ਪਾਸੋਂ। ਤ੍ਰਿਪਤਿ ਰਹੇ—(ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਏ। ਆਘਾਈ ਰਹੇ—ਆਘਾਇ ਰਹੇ, ਪੂਰਨ ਤੌਰ ਤੇ ਰੱਜ ਗਏ।1।

ਸੰਤਹੁ—ਹੇ ਸੰਤ ਜਨੋ! ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਗਤਿ—ਉੱਚੀ ਆਤਮਕ ਅਵਸਥਾ। ਘਟ ਅੰਤਰਿ—ਹਿਰਦੇ ਵਿਚ। ਪੂਰੇ ਕੀ—ਸਾਰੇ ਗੁਣਾਂ ਦੇ ਮਾਲਕ-ਪ੍ਰਭੂ ਦੀ। ਵਡਿਆਈ—ਮਿਹਰ, ਬਜ਼ੁਰਗੀ।1। ਰਹਾਉ।

ਆਪੇ—(ਪ੍ਰਭੂ) ਆਪ ਹੀ। ਕਰਤਾ—(ਜੀਵਾਂ ਨੂੰ) ਪੈਦਾ ਕਰਨ ਵਾਲਾ। ਭੁਗਤਾ—(ਜੀਵਾਂ ਵਿਚ ਬੈਠ ਕੇ) ਭੋਗਣ ਵਾਲਾ। ਸਬਾਈ—ਸਾਰੀ ਲੋਕਾਈ ਨੂੰ।2।

ਨ ਕਰਣਾ ਜਾਈ—ਨਹੀਂ ਕੀਤਾ ਜਾ ਸਕਦਾ। ਅਵਰੁ—ਕੁਝ ਹੋਰ।3।

ਸਾਜੇ—ਸਾਜਦਾ ਹੈ, ਬਣਾਂਦਾ ਹੈ, ਪੈਦਾ ਕਰਦਾ ਹੈ। ਸਿਰਿ—ਸਿਰ ਉਤੇ। ਸਿਰਿ ਸਿਰਿ—ਹਰੇਕ ਦੇ ਸਿਰ ਉਤੇ। ਧੰਧੈ—(ਮਾਇਆ ਦੇ) ਜੰਜਾਲ ਦੀ (ਪੋਟਲੀ)। ਲਾਈ—ਚੰਬੜੀ ਹੋਈ ਹੈ।4।

ਤਿਸਹਿ—{ਤਿਸੁ ਹੀ} ਉਸ ਪ੍ਰਭੂ ਨੂੰ ਹੀ। ਸਰੇਵਹੁ—ਸੇਵਾ-ਭਗਤੀ ਕਰੋ। ਸਤਿਗੁਰਿ—ਗੁਰ ਨੇ। ਮੇਲਿ—ਪ੍ਰਭੂ ਦੇ ਮਿਲਾਪ ਵਿਚ।5।

ਆਪੁ—ਆਪੇ ਨੂੰ। ਉਪਾਏ—ਪਰਗਟ ਕਰਦਾ ਹੈ। ਅਲਖੁ—ਜਿਸ ਦਾ ਸਹੀ ਸਰੂਪ ਦਸਿਆ ਨਾਹ ਜਾ ਸਕੇ।6।

ਮਾਰਿ—ਮਾਰ ਕੇ, ਆਤਮਕ ਮੌਤ ਦੇ ਕੇ। ਜੀਵਾਲੇ—ਆਤਮਕ ਜੀਵਨ ਦੇਂਦਾ ਹੈ। ਤਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉਡ ਗਿਆ ਹੈ}। ਤਿਲੁ—ਰਤਾ ਭਰ ਭੀ। ਤਮਾਈ—ਤਮ੍ਹਾ, ਲਾਲਚ।7।

ਅਰਥ:- ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰ ਲੈਂਦਾ ਹੈ, ਉਹ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ, ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਹੀ ਵਸਿਆ ਰਹਿੰਦਾ ਹੈ, (ਪਰ ਗੁਰੂ ਭੀ ਤਦੋਂ ਹੀ ਮਿਲਦਾ ਹੈ ਜੇ) ਸਾਰੇ ਗੁਣਾਂ ਦੇ ਮਾਲਕ-ਪ੍ਰਭੂ ਦੀ ਮਿਹਰ ਹੋਵੇ।1। ਰਹਾਉ।

ਹੇ ਸੰਤ ਜਨੋ! ਪਰਮਾਤਮਾ ਦਾ ਨਾਮ-ਖ਼ਜ਼ਾਨਾ ਗੁਰੂ ਪਾਸੋਂ ਮਿਲਦਾ ਹੈ, (ਜਿਨ੍ਹਾਂ ਨੂੰ ਇਹ ਖ਼ਜ਼ਾਨਾ ਮਿਲ ਜਾਂਦਾ ਹੈ, ਉਹ ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰਨ ਤੌਰ ਤੇ ਰੱਜ ਜਾਂਦੇ ਹਨ।1।

(ਹੇ ਸੰਤ ਜਨੋ!) ਪਰਮਾਤਮਾ ਆਪ ਹੀ ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈ, (ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ (ਸਾਰੇ ਭੋਗ) ਭੋਗਣ ਵਾਲਾ ਹੈ, ਸਾਰੀ ਲੋਕਾਈ ਨੂੰ (ਆਪ ਹੀ) ਰਿਜ਼ਕ ਦੇਣ ਵਾਲਾ ਹੈ।2।

ਹੇ ਸੰਤ ਜਨੋ! ਉਹ ਪ੍ਰਭੂ ਆਪ ਹੀ ਜੋ ਕੁਝ ਕਰਨਾ ਚਾਹੁੰਦਾ ਹੈ ਕਰ ਰਿਹਾ ਹੈ, ਕਿਸੇ ਜੀਵ ਪਾਸੋਂ ਉਸ ਦੇ ਉਲਟ ਕੁਝ

ਹੋਰ ਨਹੀਂ ਕੀਤਾ ਜਾ ਸਕਦਾ।3।

ਹੇ ਸੰਤ ਜਨੋ! ਪ੍ਰਭੂ ਆਪ ਹੀ (ਸਭ ਜੀਵਾਂ ਦੀ) ਘਾੜਤ ਘੜਦਾ ਹੈ, ਆਪ ਹੀ ਇਹ ਜਗਤ ਪੈਦਾ ਕਰਦਾ ਹੈ, ਹਰੇਕ ਜੀਵ ਦੇ ਸਿਰ ਉਤੇ ਉਸ ਨੇ ਆਪ ਹੀ (ਮਾਇਆ ਦੇ) ਜੰਜਾਲ ਦੀ (ਪੋਟਲੀ) ਚੰਬੋੜੀ ਹੋਈ ਹੈ।4।

ਹੇ ਸੰਤ ਜਨੋ! ਉਸ ਪਰਮਾਤਮਾ ਨੂੰ ਹੀ ਸਿਮਰਦੇ ਰਹੋ, ਤਦੋਂ ਹੀ ਆਤਮਕ ਆਨੰਦ ਕਰ ਸਕੋਗੇ। (ਪਰ ਸਿਮਰਦਾ ਉਹੀ ਹੈ ਜਿਸ ਨੂੰ) ਗੁਰੂ ਨੇ ਪਰਮਾਤਮਾ ਦੇ ਚਰਨਾਂ ਵਿਚ ਜੋੜਿਆ ਹੈ।5।

ਹੇ ਸੰਤ ਜਨੋ! ਪ੍ਰਭੂ ਆਪ ਹੀ ਆਪਣਾ ਆਪ (ਕਿਸੇ ਜੀਵ ਦੇ ਹਿਰਦੇ ਵਿਚ) ਪਰਗਟ ਕਰਦਾ ਹੈ, ਉਹ ਅਲੱਖ ਹੈ, ਉਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।6।

(ਹੇ ਸੰਤ ਜਨੋ! ਜੀਵਾਂ ਨੂੰ) ਆਤਮਕ ਮੌਤ ਦੇ ਕੇ (ਫਿਰ) ਆਪ ਹੀ ਪ੍ਰਭੂ ਆਤਮਕ ਜੀਵਨ ਦੇਂਦਾ ਹੈ। ਉਸ ਨੂੰ ਕਿਸੇ ਤਰ੍ਹਾਂ ਦਾ ਕੋਈ ਰਤਾ ਭਰ ਭੀ ਲਾਲਚ ਨਹੀਂ ਹੈ।7।

**ਇਕਿ ਦਾਤੇ ਇਕਿ ਮੰਗਤੇ ਕੀਤੇ ਆਪੇ ਭਗਤਿ ਕਰਾਈ ॥੮॥ ਸੇ ਵਡਭਾਗੀ ਜਿਨੀ ਏਕੋ ਜਾਤਾ ਸਚੇ ਰਹੇ ਸਮਾਈ ॥੯॥ ਆਪਿ ਸਰੂਪੁ ਸਿਆਣਾ ਆਪੇ ਕੀਮਤਿ ਕਹਣੁ ਨ ਜਾਈ ॥੧੦॥ ਆਪੇ ਦੁਖੁ ਸੁਖੁ ਪਾਏ ਅੰਤਰਿ ਆਪੇ ਭਰਮਿ ਭੁਲਾਈ ॥ ੧੧॥ ਵਡਾ ਦਾਤਾ ਗੁਰਮੁਖਿ ਜਾਤਾ ਨਿਗੁਰੀ ਅੰਧ ਫਿਰੈ ਲੋਕਾਈ ॥੧੨॥ ਜਿਨੀ ਚਾਖਿਆ ਤਿਨਾ ਸਾਦੁ ਆਇਆ ਸਤਿਗੁਰਿ ਬੂਝ ਬੁਝਾਈ ॥੧੩॥ ਇਕਨਾ ਨਾਵਹੁ ਆਪਿ ਭੁਲਾਏ ਇਕਨਾ ਗੁਰਮੁਖਿ ਦੇਇ ਬੁਝਾਈ ॥੧੪॥** {ਪੰਨਾ 912}

ਪਦਅਰਥ:- ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈ (ਜੀਵ)। ਦਾਤੇ—ਲੋੜਵੰਦਿਆਂ ਦੀ ਮਦਦ ਕਰ ਸਕਣ ਵਾਲੇ।8।

ਸੇ—{ਬਹੁ-ਵਚਨ} ਉਹ (ਬੰਦੇ)। ਜਾਤਾ—ਪਛਾਣਿਆ, ਸਾਂਝ ਪਾਈ। ਸਚੇ—ਸਦਾ-ਥਿਰ ਪ੍ਰਭੂ ਵਿਚ। ਰਹੇ ਸਮਾਈ—ਰਹੇ ਸਮਾਇ, ਸਦਾ ਟਿਕੇ ਰਹੇ।9।

ਸਰੂਪੁ—ਰੂਪ ਵਾਲਾ, ਸੋਹਣਾ। ਆਪੇ—ਆਪ ਹੀ।10।

ਅੰਤਰਿ—(ਹਰੇਕ ਜੀਵ ਦੇ) ਅੰਦਰ। ਭਰਮਿ—ਭਟਕਣਾ ਵਿਚ। ਭੁਲਾਈ—ਕੁਰਾਹੇ ਪਾ ਦੇਂਦਾ ਹੈ।11।

ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਨੇ। ਅੰਧ—ਅੰਨ੍ਹੀ।12।

ਸਾਦੁ—ਸੁਆਦ, ਆਨੰਦ। ਸਤਿਗੁਰਿ—ਗੁਰੂ ਨੇ। ਬੂਝ—ਸੂਝ। ਬੁਝਾਈ—ਸਮਝਾਈ।13।

ਇਕਨਾ—ਕਈ ਜੀਵਾਂ ਨੂੰ। ਨਾਵਹੁ—(ਆਪਣੇ) ਨਾਮ ਤੋਂ। ਦੇਇ ਬੁਝਾਈ—ਸਮਝ ਦੇਂਦਾ ਹੈ।14।

ਅਰਥ:- ਹੇ ਸੰਤ ਜਨੋ! ਜਗਤ ਵਿਚ ਪਰਮਾਤਮਾ ਨੇ ਕਈ ਜੀਵਾਂ ਨੂੰ ਦੂਜਿਆਂ ਦੀ ਮਦਦ ਕਰਨ ਦੇ ਸਮਰੱਥ ਬਣਾ ਦਿਤਾ ਹੈ, ਕਈ ਜੀਵ ਉਸ ਨੇ ਕੰਗਾਲ-ਮੰਗਤੇ ਬਣਾ ਦਿਤੇ ਹਨ। (ਜਿਨ੍ਹਾਂ ਉਤੇ ਮਿਹਰ ਕਰਦਾ ਹੈ ਉਹਨਾਂ ਪਾਸੋਂ) ਆਪਣੀ ਭਗਤੀ ਪਰਮਾਤਮਾ ਆਪ ਹੀ ਕਰਾਂਦਾ ਹੈ।8।

ਹੇ ਸੰਤ ਜਨੋ! ਜਿਨ੍ਹਾਂ ਬੰਦਿਆਂ ਨੇ ਇਕ ਪਰਮਾਤਮਾ ਨਾਲ ਜਾਣ-ਪਛਾਣ ਬਣਾ ਲਈ ਹੈ ਉਹ ਵੱਡੇ ਭਾਗਾਂ ਵਾਲੇ ਹਨ, ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ (ਦੀ ਯਾਦ) ਵਿਚ ਲੀਨ ਰਹਿੰਦੇ ਹਨ।9।

ਹੇ ਸੰਤ ਜਨੋ! ਪਰਮਾਤਮਾ ਆਪ (ਸਭ ਤੋਂ) ਸੁੰਦਰ ਹੈ (ਸਭ ਤੋਂ) ਸਿਆਣਾ (ਭੀ) ਆਪ ਹੀ ਹੈ। (ਉਸ ਦੀ ਸੁੰਦਰਤਾ ਤੇ ਸਿਆਣਪ ਦਾ) ਮੁਲ ਦਸਿਆ ਨਹੀਂ ਜਾ ਸਕਦਾ।10।

ਹੇ ਸੰਤ ਜਨੋ! ਹਰੇਕ ਜੀਵ ਦੇ ਅੰਦਰ ਪਰਮਾਤਮਾ ਆਪ ਹੀ ਦੁਖ ਪੈਦਾ ਕਰਦਾ ਹੈ। ਆਪ ਹੀ ਸੁਖ (ਭੀ) ਦੇਂਦਾ ਹੈ।

ਉਹ ਆਪ ਹੀ ਜੀਵ ਨੂੰ ਭਟਕਣਾ ਵਿਚ ਪਾ ਕੇ ਉਸ ਨੂੰ ਕੁਰਾਹੇ ਪਾ ਦੇਂਦਾ ਹੈ।11।

ਹੇ ਸੰਤ ਜਨੋ! ਜਿਸ ਮਨੁਖ ਨੇ ਗੁਰੂ ਦੀ ਸਰਨ ਲਈ, ਉਸ ਨੇ ਉਸ ਵੱਡੇ ਦਾਤਾਰ ਪ੍ਰਭੂ ਨਾਲ ਸਾਂਝ ਪਾ ਲਈ; ਪਰ ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਲੋਕਾਈ ਭਟਕਦੀ ਫਿਰਦੀ ਹੈ।12।

ਹੇ ਸੰਤ ਜਨੋ! ਜਿਨ੍ਹਾਂ ਨੂੰ ਗੁਰੂ ਨੇ (ਨਾਮ ਅੰਮ੍ਰਿਤ ਦੀ) ਕਦਰ ਬਖ਼ਸ਼ੀ, ਜਿਨ੍ਹਾਂ ਨੇ (ਇਸ ਤਰ੍ਹਾਂ ਨਾਮ-ਅੰਮ੍ਰਿਤ) ਚਖ ਲਿਆ, ਉਹਨਾਂ ਨੂੰ ਉਸ ਦਾ ਆਨੰਦ ਆ ਗਿਆ (ਤੇ ਉਹ ਸਦਾ ਨਾਮ ਵਿਚ ਜੁੜੇ ਰਹੇ)।13।

(ਹੇ ਸੰਤ ਜਨੋ! ਜੀਵਾਂ ਦੇ ਵੱਸ ਦੀ ਗੱਲ ਨਹੀਂ) ਕਈ ਜੀਵਾਂ ਨੂੰ ਪਰਮਾਤਮਾ ਆਪ (ਹੀ) ਆਪਣੇ ਨਾਮ ਤੋਂ ਖੁੰਝਾ ਦੇਂਦਾ ਹੈ, ਤੇ ਕਈ ਜੀਵਾਂ ਨੂੰ ਗੁਰੂ ਦੀ ਸਰਨ ਪਾ ਕੇ (ਆਪਣੇ ਨਾਮ ਦੀ) ਸੂਝ ਬਖ਼ਸ਼ ਦੇਂਦਾ ਹੈ।14।

**ਸਦਾ ਸਦਾ ਸਾਲਾਹਿਹੁ ਸੰਤਹੁ ਤਿਸ ਦੀ ਵਡੀ ਵਡਿਆਈ ॥੧੫॥ ਤਿਸੁ ਬਿਨੁ ਅਵਰੁ ਨ ਕੋਈ ਰਾਜਾ ਕਰਿ ਤਪਾਵਸੁ ਬਣਤ ਬਣਾਈ ॥ ੧੬॥ ਨਿਆਉ ਤਿਸੈ ਕਾ ਹੈ ਸਦ ਸਾਚਾ ਵਿਰਲੇ ਹੁਕਮੁ ਮਨਾਈ ॥੧੭॥ ਤਿਸ ਨੋ ਪ੍ਰਾਣੀ ਸਦਾ ਧਿਆਵਹੁ ਜਿਨਿ ਗੁਰਮੁਖਿ ਬਣਤ ਬਣਾਈ ॥ ੧੮॥ ਸਤਿਗੁਰ ਭੇਟੈ ਸੋ ਜਨੁ ਸੀਝੈ ਜਿਸੁ ਹਿਰਦੈ ਨਾਮੁ ਵਸਾਈ ॥ ੧੯॥ ਸਚਾ ਆਪਿ ਸਦਾ ਹੈ ਸਾਚਾ ਬਾਣੀ ਸਬਦਿ ਸੁਣਾਈ ॥੨੦॥ ਨਾਨਕ ਸੁਣਿ ਵੇਖਿ ਰਹਿਆ ਵਿਸਮਾਦੁ ਮੇਰਾ ਪ੍ਰਭੁ ਰਵਿਆ ਸ੍ਰਬ ਥਾਈ ॥ ੨੧॥੫॥੧੪॥**
{ਪੰਨਾ 912}

ਪਦਅਰਥ:- ਸਾਲਾਹਿਹੁ—ਸਿਫ਼ਤਿ-ਸਾਲਾਹ ਕਰਦੇ ਰਿਹਾ ਕਰੋ। ਤਿਸ ਦੀ—{ਸੰਬੰਧਕ 'ਦੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉਡ ਗਿਆ ਹੈ} ਉਸ (ਪਰਮਾਤਮਾ) ਦੀ। ਵਡਿਆਈ—ਸੋਭਾ, ਨਾਮਣਾ।15।

ਰਾਜਾ—ਹਾਕਮ, ਪਾਤਿਸ਼ਾਹ। ਕਰਿ—ਕਰ ਕੇ। ਤਪਾਵਸੁ—ਨਿਆਂਉ। ਬਣਤ—ਮਰਯਾਦਾ, ਸਿਫ਼ਤਿ-ਸਾਲਾਹ ਕਰਨ ਦੀ ਮਰਯਾਦਾ। 16।

ਨਿਆਉ—ਇਨਸਾਫ਼। ਸਦ—ਸਦਾ। ਸਾਚਾ—ਅਟੱਲ, ਸਦਾ ਕਾਇਮ ਰਹਿਣ ਵਾਲਾ। ਮਨਾਈ—ਮਨਾਂਦਾ ਹੈ, ਮੰਨਣ ਲਈ ਪ੍ਰੇਰਨਾ ਕਰਦਾ ਹੈ। 17।

ਤਿਸ ਨੋ—{ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਪ੍ਰਾਣੀ—ਹੇ ਪ੍ਰਾਣੀ! ਜਿਨਿ—ਜਿਸ (ਪਰਮਾਤਮਾ) ਨੇ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣਾ। ਗੁਰਮੁਖਿ ਬਣਤ—ਗੁਰੂ ਦੇ ਸਨਮੁਖ ਦੀ ਰੀਤ। 18।

ਭੇਟੈ—ਮਿਲਦਾ ਹੈ। ਸਤਿਗੁਰ ਭੇਟੈ—(ਜੋ ਮਨੁੱਖ) ਗੁਰੂ ਨੂੰ ਮਿਲਦਾ ਹੈ {ਨੋਟ:- "ਸਤਿਗੁਰੁ ਭੇਟੈ"—(ਜਿਸ ਮਨੁੱਖ ਨੂੰ ਗੁਰੂ ਮਿਲਦਾ ਹੈ}। ਸੀਝੈ—ਕਾਮਯਾਬ ਹੋ ਜਾਂਦਾ ਹੈ। ਜਿਸੁ ਹਿਰਦੇ—ਜਿਸ ਦੇ ਹਿਰਦੇ ਵਿਚ। 19।

ਸਚਾ—ਸਦਾ ਕਾਇਮ ਰਹਿਣ ਵਾਲਾ। ਬਾਣੀ—ਬਾਣੀ ਦੀ ਰਾਹੀਂ। ਸਬਦਿ—ਸ਼ਬਦ ਦੀ ਰਾਹੀਂ। ਸੁਣਾਈ—(ਗੁਰੂ) ਸੁਣਾਂਦਾ ਹੈ। 20।

ਸੁਣਿ ਵੇਖਿ ਰਹਿਆ—ਸੁਣਿ ਰਹਿਆ ਵੇਖਿ ਰਹਿਆ, (ਹਰੇਕ ਜੀਵ ਦੀ ਗੱਲ) ਸੁਣ ਰਿਹਾ ਹੈ (ਹਰੇਕ ਜੀਵ ਦਾ ਕੰਮ) ਵੇਖ ਰਿਹਾ ਹੈ। ਵਿਸਮਾਦੁ—ਅਸਚਰਜ-ਰੂਪ ਪਰਮਾਤਮਾ। ਰਵਿਆ—ਵਿਆਪਕ ਹੈ। ਸ੍ਰਬ—ਸਰਬ, ਸਾਰੇ। ਥਾਈ—ਥਾਈਂ, ਥਾਵਾਂ ਵਿਚ। 21।

ਅਰਥ:- ਹੇ ਸੰਤ ਜਨੋ! ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸਦਾ ਕਰਦੇ ਰਿਹਾ ਕਰੋ ਸਦਾ ਕਰਦੇ ਰਿਹਾ ਕਰੋ। ਉਸ (ਪ੍ਰਭੂ) ਦਾ ਨਾਮਣਾ ਬਹੁਤ ਵੱਡਾ ਹੈ।15।

ਹੇ ਸੰਤ ਜਨੋ! ਪ੍ਰਭੂ ਤੋਂ ਬਿਨਾ (ਉਸ ਦੇ ਬਰਾਬਰ ਦਾ) ਹੋਰ ਕੋਈ ਪਾਤਿਸ਼ਾਹ ਨਹੀਂ ਹੈ। ਉਸ ਨੇ ਪੂਰਾ ਇਨਸਾਫ਼ ਕਰ ਕੇ

ਸਿਫ਼ਤਿ-ਸਾਲਾਹ ਕਰਨ ਦੀ ਇਹ ਰੀਤ ਚਲਾਈ ਹੈ। 16।

ਹੇ ਸੰਤ ਜਨੋ! ਉਸ ਪਰਮਾਤਮਾ ਦਾ ਹੀ ਇਨਸਾਫ਼ (ਕਰਨ ਵਾਲਾ ਹੁਕਮ) ਸਦਾ ਅਟੱਲ ਹੈ, ਕਿਸੇ ਵਿਰਲੇ (ਭਾਗਾਂ ਵਾਲੇ) ਨੂੰ ਉਹ ਪ੍ਰਭੂ (ਇਹ) ਹੁਕਮ ਮੰਨਣ ਲਈ ਪ੍ਰੇਰਨਾ ਕਰਦਾ ਹੈ। 17।

ਹੇ ਪ੍ਰਾਣੀਓ! ਜਿਸ ਪਰਮਾਤਮਾ ਨੇ (ਬੰਦਿਆਂ ਵਾਸਤੇ) ਗੁਰੂ ਦੇ ਸਨਮੁਖ ਰਹਿਣ ਦੀ ਮਰਯਾਦਾ ਚਲਾਈ ਹੋਈ ਹੈ, ਸਦਾ ਉਸ ਦਾ ਧਿਆਨ ਧਰਦੇ ਰਿਹਾ ਕਰੋ। 18।

ਹੇ ਸੰਤ ਜਨੋ! (ਜਿਹੜਾ ਮਨੁੱਖ) ਗੁਰੂ ਨੂੰ ਮਿਲਦਾ ਹੈ (ਭਾਵ, ਗੁਰੂ ਦੀ ਸਰਨ ਪੈਂਦਾ ਹੈ), ਜਿਸ ਮਨੁੱਖ ਦੇ ਹਿਰਦੇ ਵਿਚ (ਗੁਰੂ, ਪਰਮਾਤਮਾ ਦਾ) ਨਾਮ ਵਸਾਂਦਾ ਹੈ ਉਹ ਮਨੁੱਖ (ਜ਼ਿੰਦਗੀ ਦੀ ਖੇਡ ਵਿਚ) ਕਾਮਯਾਬ ਹੋ ਜਾਂਦਾ ਹੈ। 19।

ਹੇ ਸੰਤ ਜਨੋ! (ਗੁਰੂ ਆਪਣੀ) ਬਾਣੀ ਦੀ ਰਾਹੀਂ (ਆਪਣੇ) ਸ਼ਬਦ ਦੀ ਰਾਹੀਂ (ਸਰਨ ਆਏ ਸਿੱਖਾਂ ਨੂੰ ਇਹ ਉਪਦੇਸ਼) ਸੁਣਾਂਦਾ ਰਹਿੰਦਾ ਹੈ ਕਿ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ। 20।

ਹੇ ਨਾਨਕ! (ਆਖ—ਹੇ ਸੰਤ ਜਨੋ!) ਪਰਮਾਤਮਾ ਅਸਚਰਜ-ਰੂਪ ਹੈ, ਮੇਰਾ ਪਰਮਾਤਮਾ ਸਭਨੀਂ ਥਾਈਂ ਮੌਜੂਦ ਹੈ (ਹਰੇਕ ਜੀਵ ਵਿਆਪਕ ਹੋ ਕੇ) ਉਹ (ਹਰੇਕ ਦੇ ਦਿਲ ਦੀ) ਸੁਣ ਰਿਹਾ ਹੈ, (ਹਰੇਕ ਦਾ ਕੰਮ) ਵੇਖ ਰਿਹਾ ਹੈ।2।1।5।